Dispatch No. I/24941/2020

## ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

### ਜਿਲ੍ਹਾ ਮੈਜਿਸਟਰੇਟ ਫਰੀਦਕੋਟ ਵੱਲੋਂ ਜਿਲ੍ਹੇ ਵਿੱਚ ਦੁਕਾਨਾਂ ਖੋਲ੍ਹਣ ਦਾ ਸਮਾਂ ਤਬਦੀਲ

### ਹੁਣ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ ਦੁਕਾਨਾਂ

### ਸ਼ਹਿਰੀ ਖੇਤਰਾਂ ਵਿੱਚ ਗੈਰ ਜ਼ਰੂਰੀ ਵਸਤਾਂ ਦੀਆਂ ਦੁਕਾਨਾਂ ਜੋਨ ਵਾਈਜ਼ ਹੀ ਖੁੱਲ੍ਹਣਗੀਆਂ

### ਜਿਲ੍ਹੇ ਵਿੱਚ ਐਤਵਾਰ ਕੋਈ ਦੁਕਾਨ ਨਹੀਂ ਖੁੱਲ੍ਹੇਗੀ

ਫਰੀਦਕੋਟ 15 ਮਈ ( ) ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ ਵੱਲੋਂ ਜਿਲ੍ਹੇ ਅੰਦਰ ਮਿਤੀ 23 ਮਾਰਚ 2020 ਨੂੰ ਲਗਾਏ ਕਰਫਿਊ ਦੀ ਲਗਾਤਾਰਤਾ ਵਿੱਚ ਜਿਲ੍ਹੇ ਅੰਦਰ ਜ਼ਰੂਰੀ ਵਸਤਾਂ ਵਾਲੀਆਂ ਦੁਕਾਨਾਂ ਹਰ ਰੋਜ਼ ਅਤੇ ਗੈਰ ਜ਼ਰੂਰੀ ਵਸਤਾਂ ਵਾਲੀਆਂ ਦੁਕਾਨਾਂ ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਸ਼ਹਿਰਾਂ ਵਿੱਚ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਖੋਲ੍ਹਣ ਦੇ ਹੁਕਮ ਜਾਰੀ ਕੀਤੇ ਹਨ।

ਜਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਉਨ੍ਹਾ ਦੇ ਦਫਤਰ ਹੁਕਮ ਨੰ: 421 ਮਿਤੀ 6 ਮਈ, 2020 ਰਾਹੀਂ ਜਿਲ੍ਹਾ ਫਰੀਦਕੋਟ ਦੀਆਂ ਸਾਰੀਆਂ ਦੁਕਾਨਾਂ ਕੈਟਾਗਰੀ ਵਾਈਜ਼ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੋਲ੍ਹਣ ਦੇ ਹੁਕਮ ਜਾਰੀ ਕੀਤੇ ਸਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਪਾਸੋਂ ਪ੍ਰਾਪਤ ਹਦਾਇਤਾਂ ਅਨਸਾਰ ਦੁਕਾਨਾਂ ਖੋਲ੍ਹਣ ਦਾ ਸਮਾਂ ਹੁਣ ਸਵੇਰੇ 7 ਵਜੇ ਤੋਂ ਸਾਮ 6 ਵਜੇ ਤੱਕ ਕੀਤਾ ਗਿਆ ਹੈ ।ਉਨ੍ਹਾਂ ਕਿਹਾ ਕਿ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਐਤਵਾਰ ਕੋਈ ਦੁਕਾਨ ਨਹੀਂ ਖੋਲ੍ਹੀ ਜਾਵੇਗੀ।

Dispatch No.I/24995/2020

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਰੀਦਕੋਟ ਦੇ ਯੂ.ਪੀ. ਨਾਲ ਸਬੰਧਤ 280 ਮਜ਼ਦੂਰ ਗ੍ਰਹਿ ਰਾਜ ਲਈ ਰਵਾਨਾ

ਵਿਸ਼ੇਸ਼ 11 ਬੱਸਾਂ ਰਾਹੀਂ ਫਰੀਦਕੋਟ ਤੋਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਲਈ ਰਵਾਨਾ ਕੀਤਾ ਗਿਆ

2 ਵਿਸ਼ੇਸ਼ ਸ਼ਰਮਿਕ ਰੇਲ ਗੱਡੀਆਂ ਰਾਹੀਂ ਫਿਰੋਜ਼ਪੁਰ ਤੋਂ ਅਮੇਠੀ, ਅਯੋਧਿਆ ਅਤੇ ਗੋਰਖਪੁਰ ਆਦਿ ਏਰੀਏ ਵਿੱਚ ਜਾਣਗੀਆਂ ਰੇਲ ਗੱਡੀਆਂ

ਜਿਲ੍ਹਾ ਪ੍ਰਸ਼ਾਸਨ ਵੱਲੋਂ 2 ਵਕਤ ਦਾ ਖਾਣਾ ਤੇ ਸੁੱਕੀ ਰਸਦ ਨਾਲ ਮਜ਼ਦੂਰਾਂ ਨੂੰ ਪੀ.ਆਰ.ਟੀ.ਸੀ. ਦੀਆਂ ਬੱਸਾਂ ਰਾਹੀਂ ਭੇਜਿਆ ਗਿਆ

ਮਜ਼ਦੂਰਾਂ ਦੇ ਕਿਰਾਏ ਅਤੇ ਖਾਣੇ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ

ਮਜ਼ਦੂਰਾਂ ਵੱਲੋਂ ਘਰ ਵਾਪਸੀ ਦੇ ਵਧੀਆ ਪ੍ਰਬੰਧਾਂ ਲਈ ਜਿਲ੍ਹਾ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦਾ ਧੰਨਵਾਦ

ਫਰੀਦਕੋਟ 15 ਮਈ ( ) ਪੰਜਾਬ ਸਰਕਾਰ ਵੱਲੋਂ ਰਾਜ ਵਿਚ ਦੂਜੇ ਰਾਜਾਂ ਦੇ ਵਸਨੀਕ ਜ਼ੋ ਕਿ ਕਰਫਿਊ ਜਾਂ ਲਾਕਡਾਊਨ ਦੌਰਾਨ ਜ਼ਿਲੇ ਵਿਚ ਫਸ ਗਏ ਸਨ ਉਨਾਂ ਨੂੰ ਉਨਾਂ ਦੇ ਗ੍ਰਹਿ ਰਾਜਾਂ ਵਿਚ ਵਾਪਿਸ ਭੇਜਣ ਲਈ ਵੱਡੀ ਪੱਧਰ ਤੇ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਦੀ ਅਗਵਾਈ ਹੇਠ ਜ਼ਿਲਾ ਪ੍ਰਸ਼ਾਸਨ ਵੱਲੋਂ ਫਰੀਦਕੋਟ ਜ਼ਿਲੇ ਵਿਚ ਯੂ ਪੀ ਰਾਜ ਨਾਲ ਸਬੰਧਤ 280 ਮਜ਼ਦੂਰਾਂ ਨੂੰ ਉਨਾਂ ਦੇ ਪਿੱਤਰੀ ਰਾਜ ਵਿਚ ਵਾਪਸ ਭੇਜਿਆ ਜਾ ਰਿਹਾ ਹੈ।

ਉਪਮੰਡਲ ਮੈਜਿਸਟਰੇਟ ਜੈਤੋ ਮੈਡਮ ਮਨਦੀਪ ਕੌਰ ਨੋਡਲ ਅਫਸਰ ਵਲੋਂ ਅੱਜ ਇਥੋਂ ਦੇ ਬੱਸ ਸਟੈਂਡ ਤੋਂ ਪੀ ਆਰ ਟੀ ਸੀ ਦੀਆਂ 11 ਬੱਸਾਂ ਵਿਚ ਅਮੇਠੀ, ਅਯੋਧਿਆ ਅਤੇ ਗੋਰਖਪੁਰ ਨਾਲ ਸਬੰਧਿਤ 280 ਲੋਕਾਂ ਨੂੰ ਫਿਰੋਜ਼ਪੁਰ ਲਈ ਰਵਾਨਾ ਕੀਤਾ ਗਿਆ ਜਿਥੋਂ ਕਿ ਗੋਰਖੁਰ (ਯੂ ਪੀ) ਅਤੇ ਅਮੇਠੀ ਲਈ ਸਪੈਸ਼ਲ ਰੇਲ ਗੱਡੀ ਰਵਾਨਾ ਹੋਵੇਗੀ।

ਮੈਡਮ ਮਨਦੀਪ ਕੌਰ ਨੇ ਇਸ ਮੌਕੇ ਦੱਸਿਆ ਕਿ ਇਨਾਂ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦੀ ਵੈਬ-ਸਾਈਟ ਤੇ ਆਪਣੇ ਆਪ ਨੂੰ ਰਜਿਸਟਰਡ ਕਰਨ ਅਤੇ ਸਬੰਧਤ ਐਸ ਡੀ ਐਮ ਦਫਤਰ ਵਿਚ ਇਸ ਸਬੰਧੀ ਅਰਜ਼ੀ ਦੇਣ ਉਪਰੰਤ ਸਿਹਤ ਵਿਭਾਗ ਦੀਆ ਵੱਖ ਵੱਖ ਟੀਮਾਂ ਵੱਲੋਂ ਇਨਾਂ ਦੀ ਥਰਮਲ ਸਕਰੀਨਿੰਗ ਤੋਂ ਇਲਾਵਾ ਸਿਹਤ ਜਾਂਚ ਕੀਤੀ ਗਈ ਅਤੇ ਇਹ ਸਾਰੇ ਹੀ 280 ਲੋਕ ਮੈਡੀਕਲ ਫਿੱਟ ਪਾਏ ਗਏ।

ਇਸ ਮੌਕੇ ਸਹਾਇਕ ਕਮਿਸ਼ਨਰ ਸ੍ਰੀ ਤਰਸੇਮ ਚੰਦ ਨੇ ਦੱਸਿਆ ਕਿ ਅੱਜ ਸਵੇਰੇ ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਨਾਲ ਸਬੰਧਤ ਇਨਾਂ ਲੋਕਾਂ ਨੂੰ ਜ਼ੋ ਕਿ ਯੂ ਪੀ ਦੇ ਵੱਖ ਵੱਖ ਜਿਲ੍ਹਿਆਂ ਦੇ ਵਸਨੀਕ ਸਨ ਨੂੰ ਬੱਸ ਸਟੈਂਡ ਫਰੀਦਕੋਟ ਵਿਖੇ ਇੱਕਠਾ ਕੀਤਾ ਗਿਆ ਅਤੇ ਇਨਾਂ ਨੂੰ ਸਵੇਰੇ ਬਰੇਕ ਫਾਸਟ ਕਰਵਾਇਆ ਗਿਆ ਅਤੇ ਉਸ ਉਪਰੰਤ ਦੁਪਹਿਰ ਦਾ ਖਾਣਾ ਅਤੇ ਹੋਰ ਸੁੱਕਾ ਰਾਸ਼ਨ ਨਾਲ ਦੇ ਕੇ ਇਨਾਂ ਸਮੂਹ ਨਾਗਰਿਕਾਂ ਨੂੰ ਇਥੋ ਰਵਾਨਾ ਕੀਤਾ ਅਤੇ ਉਨਾਂ ਦੇ ਚੰਗੇ ਸਫਰ ਲਈ ਸੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਕਿਰਾਏ ਅਤੇ ਖਾਣੇ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ।

ਇਸ ਮੌਕੇ ਵੱਡੀ ਗਿਣਤੀ ਵਿਚ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਤੇ ਜ਼ਿਲਾ ਪ੍ਰਸ਼ਾਸਨ ਫਰੀਦਕੋਟ ਵੱਲੋਂ ਉਨਾਂ ਨੂੰ ਵਾਪਸ ਉਨਾਂ ਦੇ ਰਾਜ ਵਿਚ ਭੇਜਣ ਅਤੇ ਉਨਾਂ ਨੂੰ ਸਫਰ ਦੀਆਂ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਨਾਇਬ ਤਹਿਸੀਲਦਾਰ ਸ੍ਰੀ ਅਨਿਲ ਸ਼ਰਮਾ ਤੋਂ ਇਲਾਵਾ ਹੋਰ ਅਧਿਕਾਰੀ ਤੇ ਸਬੰਧਤ ਕਰਮਚਾਰੀ ਹਾਜ਼ਰ ਸਨ।

Dispatch No. I/25031/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੋਵਿਡ-19 ਦੌਰਾਨ ਵੀ ਦਿੱਤੀਆਂ ਜਾ ਰਹੀਆਂ ਹਨ ਸੇਵਾਵਾਂ

## ਮਿਤੀ 29.03.2020 ਤੋਂ 14.5.2020 ਤੱਕ 361 ਬੰਦੀਆਂ ਨੂੰ ਅੰਤਰਿਮ ਜਮਾਨਤ ਤੇ ਕੀਤਾ ਰਿਹਾਅ

ਫਰੀਦਕੋਟ 15 ਮਈ ( ) ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਆਰ.ਕੇ. ਜੈਨ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਦਿਸ਼ਾਂ ਨਿਰਦੇਸ਼ਾਂ ਤੇ ਸ੍ਰੀਮਤੀ ਰੁਪਿੰਦਰਜੀਤ ਕੌਰ ਚਾਹਲ, ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ ਨਗਰ (ਮੋਹਾਲੀ) ਅਤੇ ਸ੍ਰੀ ਹਰਬੰਸ ਸਿੰਘ ਲੇਖੀ, ਮਾਨਯੋਗ ਇੰਚਾਰਜ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਦੀ ਰਹਿਨੁਮਾਈ ਹੇਠ ਸ੍ਰੀਮਤੀ ਰਾਜਵੰਤ ਕੌਰ, ਮਾਨਯੋਗ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੋਵਿਡ-19 ਤੋਂ ਬਚਾਓ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਬੈਨਰ ਜ਼ਿਲ੍ਹਾ ਅਦਾਲਤ ਕੰਪਲੈਕਸ, ਫਰੀਦਕੋਟ ਵਿੱਚ ਲਗਵਾਏ ਗਏ ਤਾਂ ਜ਼ੋ ਲੋਕ ਇਸ ਮਹਾਂਮਾਰੀ ਤੋਂ ਬਚਣ ਲਈ ਸਾਵਧਾਨੀਆਂ ਬਾਰੇ ਜਾਣੂ ਕਰਵਾਇਆ ਜਾ ਸਕੇ ਅਤੇ ਇਸ ਦੀ ਵਰਤੋਂ ਕਰਕੇ ਕਰੋਨਾਵਾਇਰਸ ਤੋਂ ਆਪਣਾ ਬਚਾਅ ਕਰ ਸਕਣ।

ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵੱਲੋਂ ਨਾਮਜਦ ਪੈਰਾ ਲੀਗਲ ਵਲੰਟੀਅਰਾਂ ਵੱਲੋਂ ਵੀ ਇਸ ਕਰੋਨਾਵਾਇਰਸ/ਕੋਵਿਡ-19 ਦੌਰਾਨ ਆਪਣਾ ਸਹਿਯੋਗ ਆਮ ਜਨਤਾ ਦੀ ਭਲਾਈ ਲਈ ਦਿੱਤਾ ਜਾ ਰਿਹਾ ਅਤੇ ਉਹਨਾਂ ਵੱਲੋਂ ਲੌੜਵੰਦ ਪਰਿਵਾਰਾਂ ਦੀਆਂ ਦਰਖਾਸਤਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਦੁਆਰਾ ਸਬੰਧਤ ਅਧਿਕਾਰੀ ਨੂੰ ਭਿਜਵਾ ਕੇ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪੈਰਾ ਲੀਗਲ ਵਲੰਟੀਅਰ ਵੱਲੋਂ ਕਰੋਨਾ ਵਾਇਰਸ ਦੇ ਫੈਲਦੇ ਪ੍ਰਭਾਵ ਨੂੰ ਮੁੱਖ ਰੱਖਦੇ ਹੋਏ ਕੰਮ ਕਰ ਰਹੇ ਲੇਬਰ ਵਰਕਰਾਂ ਅਤੇ ਗਰੀਬ ਲੋਕਾਂ ਨੂੰ ਮੁਫਤ ਮਾਸਕ ਵੰਡੇ ਜਾ ਰਹੇ ਹਨ ਅਤੇ ਹੋਰ ਸਹੂਲਤਾਂ ਜਿਵੇਂ ਕਿ ਮੈਡੀਕਲ ਜਾਂ ਕਾਨੂੰਨੀ ਸਹਾਇਤਾ ਬਾਰੇ ਵੀ ਜਾਗਰੂਕ ਕੀਤਾ ਗਿਆ।

ਇਸ ਤੋਂ ਇਲਾਵਾ ਮਾਨਯੋਗ ਸੁਪਰੀਮ ਕੋਰਟ ਦੀ ਹਦਾਇਤਾਂ ਅਨੁਸਾਰ ਅੱਜ ਸਿਓ ਮੋਟੂ ਰਿੱਟ ਪਟੀਸ਼ਨ (ਸਿਵਲ) ਨੰ:1/2020- ਇਨ ਰੀ ਙ+ਞਜ਼ਣ-19 ਸਬੰਧੀ ਮੀਟਿੰਗ ਕੀਤੀ ਗਈ। ਇਹ ਮੀਟਿੰਗ ਇੰਚਾਰਜ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ੍ਰੀ ਹਰਬੰਸ ਸਿੰਘ ਲੇਖੀ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸ੍ਰੀ ਤਰਸੇਮ ਚੰਦ, ਅਸਿਸਟੇਂਟ ਕਮਿਸ਼ਨਰ (ਜ),ਸ੍ਰੀ ਸੇਵਾ ਸਿੰਘ ਮੱਲੀ, ਸੁਪਰਡੈਂਟ ਆਫ ਪੁਲਿਸ, ਸ੍ਰੀਮਤੀ ਰਾਜਵੰਤ ਕੌਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅਤੇ ਸ੍ਰੀ ਮਨਜੀਤ ਸਿੰਘ ਢੇਸੀ, ਸੁਪਰਡੈਂਟ, ਸੈਂਟਰਲ ਜ਼ੇਲ੍ਹ, ਆਦਿ ਅਫਸਰਾਂ ਵੱਲੋਂ ਭਾਗ ਲਿਆ ਗਿਆ। ਮੀਟਿੰਗ ਵਿੱਚ ਅੰਡਰਟ੍ਰਾਇਲ ਨੂੰ ਜਮਾਨਤ ਤੇ ਛੱਡਣ ਜਾਂ ਪੈਰੋਲ ਤੇ ਛੱਡਣਾ ਆਦਿ ਇਸ ਤੋਂ ਇਲਾਵਾ ਕਰੋਨਾ ਵਾਇਰਸ ਨੂੰ ਸੈਂਟਰਲ ਜ਼ੇਲ੍ਹ ਵਿੱਚ ਫੈਲਣ ਤੋਂ ਰੋਕਥਾਮ ਲਈ ਉਚਿੱਤ ਕਦਮ ਚਕਣ ਲਈ ਵਿਸਥਾਰਤ ਵਿਚਾਰ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਐਚ.ਆਈ.ਵੀ. ਅਤੇ ਹੋਰ ਭਿਆਨਕ ਬਿਮਾਰੀਆਂ ਵਾਲੇ ਕੈਦੀਆਂ ਨੂੰ ਲੋੜੀਂਦੀ ਮੈਡੀਕਲ ਸਹੂਲਤ ਦੇਣ ਲਈ ਵੀ ਫੈਸਲਾ ਕੀਤਾ ਗਿਆ। ਇਸ ਮੀਟਿੰਗ ਵਿੱਚ ਦੱਸਿਆ ਗਿਆ ਕਿ ਮਿਤੀ 29.03.2020 ਤੋਂ 14.5.2020 ਤੱਕ 361 ਬੰਦੀਆਂ ਨੂੰ ਅੰਤਰਿਮ ਜਮਾਨਤ ਤੇ ਰਿਹਾਅ ਕੀਤਾ ਗਿਆ ਅਤੇ ਮਿਤੀ 27.3.2020 ਤੋਂ 15.05.2020 ਤੱਕ 330 ਕੈਦੀਆਂ ਨੂੰ ਪੈਰੋਲ ਤੇ ਰਿਹਾਅ ਕੀਤਾ ਗਿਆ।

ਦਫਤਰ ਜ਼ਿਲਾ ਲੋਕ ਸੰਪਰਕ ਅਫਸਰ,ਫਰੀਦਕੋਟ

ਕੋਵਿਡ-19 ਦੇ ਜ਼ਿਲੇ ਵਿੱਚ 47 ਐਕਟਿਵ ਕੇਸ

5 ਕੋਰੋਨਾ ਪਾਜ਼ੇਟਿਵ ਮਰੀਜ਼ਾਂ ਨੂੰ ਮਿਲ ਚੁੱਕੀ ਹੈ ਹਸਪਤਾਲ ਤੋਂ ਛੁੱਟੀ

ਫਰੀਦਕੋਟ 15 ਮਈ ( )ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਅਤੇ ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਦੀ ਯੋਗ ਅਗਵਾਈ ਹੇਠ ਕੋਰੋਨਾ ਦੀ ਜੰਗ ਨੂੰ ਜਿੱਤਣ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਵੱਖ-ਵੱਖ ਵਿਭਾਗਾਂ ਦੇ ਕਰਮਚਾਰੀ ਅਤੇ ਅਧਿਕਾਰੀ ਤਨਦੇਹੀ ਨਾਲ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਰਹੇ ਹਨ।

ਡਾ.ਰਜਿੰਦਰ ਨੇ ਦੱਸਿਆ ਕਿ ਕੋਵਿਡ-19 ਦੀਆਂ ਅੱਜ ਤੱਕ 3236 ਸੈਂਪਲ ਲੈਬ ਵਿੱਚ ਭੇਜੇ ਜਾ ਚੁੱਕੇ ਹਨ।ਜਿੰਨਾਂ ਵਿੱਚੋਂ 208 ਸੈਂਪਲਾਂ ਦੇ ਨਤੀਜੇ ਆਉਣੇ ਬਾਕੀ ਹਨ।ਪ੍ਰਾਪਤ ਨਤੀਜਿਆਂ ਵਿੱਚ 2910 ਰਿਪੋਰਟਾਂ ਨੈਗੇਟਿਵ ਆਈਆਂ ਹਨ।ਸਿਹਤ ਵਿਭਾਗ ਨੂੰ ਪ੍ਰਾਪਤ ਹੋਈਆਂ 6 ਪਾਜ਼ੇਟਿਵ ਰਿਪੋਰਟਾਂ ਵਾਲੇ ਕੇਸ ਹਜ਼ੂਰ ਸਾਹਿਬ ਤੋਂ ਆਏ ਸ਼ਰਧਾਲੂ ਹਨ।ਸਿਹਤ ਵਿਭਾਗ ਤੋਂ ਲੈਬ ਨੇ ਮੁੜ ਜਾਂਚ ਲਈ 11 ਮਈ ਨੂੰ ਦੁਬਾਰਾ 11 ਸ਼ਰਧਾਲੂਆਂ ਦੇ ਸੈਂਪਲ ਭੇਜਣ ਲਈ ਕਿਹਾ ਸੀ ਉਨਾਂ ਵਿਚੋ 9 ਸੈਂਪਲ ਦੀ ਰਿਪੋਰਟ ਨੈਗੇਟਿਵ 2 ਰਿਪੋਰਟਾਂ ਪਾਜ਼ੇਟਿਵ ਆਈਆਂ ਹਨ।12 ਮਈ ਨੂੰ ਲੈਬ ਦੁਆਰਾ ਮਿਲੇ ਦਿਸ਼ਾ ਨਿਰਦੇਸ਼ਾਂ ਮੁਤਾਬਕ 30 ਸ਼ਰਧਾਲੂਆਂ ਦੇ ਸੈਂਪਲ ਮੁੜ ਦੁਬਾਰਾ ਲੈਬ ਨੂੰ ਭੇਜੇ ਗਏ ਸਨ ਜਿੰਨਾਂ ਵਿੱਚੋਂ 4 ਸ਼ਰਧਾਲੂਆਂ ਦੀ ਰਿਪੋਰਟ ਪਾਜ਼ੇਟਿਵ ਤੇ 26 ਨੈਗੇਟਿਵ ਆਈ ਹੈ।ਹੁਣ ਫਰੀਦਕੋਟ ਜ਼ਿਲੇ ਦੇ ਕੋਵਿਡ-19 ਤਹਿਤ 47 ਐਕਟਿਵ ਕੇਸ ਹਨ ਜੋ ਜੇਰੇ ਇਲਾਜ ਹਨ ਅਤੇ 5 ਕੋਰੋਨਾ ਪਾਜ਼ੇਟਿਵ ਮਰੀਜ਼ ਤੰਦਰੁਸਤ ਹੋ ਚੁੱਕੇ ਹਨ ਉਨਾਂ ਨੂੰ ਹਸਪਤਾਲ ਤੋਂ ਛੁੱਟੀ ਮਿਲ ਚੁੱਕੀ ਹੈ।

ਦਿੱਲੀ ਇੰਟਰਨੈਸ਼ਨਲ ਸਕੂਲ ਵਿਖੇ ਜ਼ਿਲਾ ਪ੍ਰਸ਼ਾਸਨ ਵੱਲੋਂ ਸਥਾਪਿਤ ਕੀਤੇ ਇਕਾਂਤਵਾਸ ਸੈਂਟਰ ਵਿੱਚ ਸਿਹਤ ਵਿਭਾਗ ਨੇ ਇੱਕ ਵਾਰ ਫੇਰ ਦੁਬਾਰਾ 17 ਵਿਅਕਤੀ ਜੋ ਉਥੇ ਠਹਿਰੇ ਹੋਏ ਹਨ ਉਨਾਂ ਦੇ ਦੁਬਾਰਾ ਸੈਂਪਲ ਇਕੱਤਰ ਕਰ ਲੈਬ ਨੂੰ ਜਾਂਚ ਲਈ ਭੇਜ ਦਿੱਤੇ ਹਨ ਜਿੰਨਾਂ ਦੇ ਨਤੀਜੇ ਜਲਦ ਵਿਭਾਗ ਨੂੰ ਮਿਲਣ ਦੀ ਸੰਭਾਵਨਾ ਹੈ।ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਸਿਹਤ ਵਿਭਾਗ ਦੇ ਮੈਡੀਕਲ,ਪੈਰਾ-ਮੈਡੀਕਲ ਅਤੇ ਰੂਰਲ ਮੈਡੀਕਲ ਅਫਸਰ ਤੇ ਫਾਰਮਾਸਿਸਟਾਂ ਨੂੰ ਹੋਂਸਲਾ ਦਿੱਤਾ ਅਤੇ ਦੂਸਰਿਆਂ ਦੀ ਸੁਰੱਖਿਆ ਦੇ ਨਾਲ-ਨਾਲ ਆਪਣੀ ਸੁਰੱਖਿਆ ਦਾ ਵੀ ਧਿਆਨ ਰੱਖਣ ਦੀ ਅਪੀਲ ਕੀਤੀ।

ਡਾ.ਰਜਿੰਦਰ ਕੁਮਾਰ,ਸਿਵਲ ਸਰਜਨ ਫਰੀਦਕੋਟ